ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਮਾਨਸਾ

-ਰਾਧਾ ਸੁਆਮੀ ਸਤਿਸੰਗ ਘਰਾਂ ਨੂੰ ਬਣਾਇਆ ਗਿਆ ਸਬ-ਡਵੀਜ਼ਨ ਵਾਈਜ਼ ਸ਼ੈਲਟਰ ਹੋਮ : ਡਿਪਟੀ ਕਮਿਸ਼ਨਰ

-ਐਸ.ਡੀ.ਐਮਜ਼ ਨੂੰ ਲੋੜੀਂਦੇ ਪ੍ਰਬੰਧ ਮੁਕੰਮਲ ਕਰਨ ਦੀ ਕੀਤੀ ਹਦਾਇਤ

-ਲੋੜ ਪੈਣ 'ਤੇ ਸਿਵਲ ਸਰਜਨ ਮੁਹੱਈਆ ਕਰਵਾਉਗੇ ਸਿਹਤ ਸੇਵਾਵਾਂ

ਮਾਨਸਾ, 01 ਅਪ੍ਰੈਲ ( ) : ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਮੈਜਿਸਟ੍ਰੇਟ ਮਾਨਸਾ ਸ਼੍ਰੀ ਗੁਰਪਾਲ ਸਿੰਘ ਚਹਿਲ ਨੇ ਦੱਸਿਆ ਕਿ ਕੋਰੋਨਾ ਵਾਇਰਸ (ਕੋਵਿਡ-19) ਦੇ ਮੱਦੇਨਜ਼ਰ ਪ੍ਰਵਾਸੀ ਵਿਅਕਤੀਆਂ (ਮਜ਼ਦੂਰਾਂ) ਦੇ ਰਹਿਣ ਲਈ ਸ਼ੈਲਟਰ ਹੋਮ (ਠਹਿਰ ਸਥਾਨ) ਅਤੇ ਖਾਣਾ ਮੁਹੱਈਆ ਕਰਵਾਉਣ ਲਈ ਜ਼ਿਲ੍ਹਾ ਮਾਨਸਾ ਦੇ ਰਾਧਾ ਸੁਆਮੀ ਸਤਿਸੰਗ ਘਰਾਂ ਨੂੰ ਸਬ-ਡਵੀਜ਼ਨ ਵਾਈਜ਼ ਸ਼ੈਲਟਰ ਹੋਮ ਬਣਾਇਆ ਗਿਆ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਬ-ਡਵੀਜ਼ਨ ਮਾਨਸਾ ਵਿਖੇ ਸਤਿਸੰਗ ਘਰ ਮਾਨਸਾ, ਸਤਿਸੰਗ ਘਰ ਭੈਣੀ ਬਾਘਾ ਅਤੇ ਸਤਿਸੰਗ ਘਰ ਭੀਖੀ ਨੂੰ ਸ਼ੈਲਟਰ ਹੋਮ ਬਣਾਇਆ ਗਿਆ ਹੈ, ਜਿਸ ਦਾ ਨੋਡਲ ਅਫ਼ਸਰ ਸ਼੍ਰੀ ਦਵਿੰਦਰ ਕੁਮਾਰ (97794-58677) ਹੋਣਗੇ। ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਸਰਦੂਲਗੜ੍ਹ ਸਬ-ਡਵੀਜ਼ਨ ਵਿਖੇ ਸਤਿਸੰਗ ਘਰ ਸਰਦੂਲਗੜ੍ਹ ਨੂੰ ਸ਼ੈਲਟਰ ਹੋਮ ਬਣਾਇਆ ਗਿਆ ਹੈ। ਇਸ ਦੇ ਨੋਡਲ ਅਫ਼ਸਰ ਸ਼੍ਰੀ ਦੁਰਗਾ ਦਾਸ (62805-12893) ਹੋਣਗੇ।

ਡਿਪਟੀ ਕਮਿਸ਼ਨਰ ਸ਼੍ਰੀ ਗੁਰਪਾਲ ਸਿੰਘ ਚਹਿਲ ਨੇ ਦੱਸਿਆ ਕਿ ਬੁਢਲਾਡਾ ਸਬ-ਡਵੀਜ਼ਨ ਵਿਖੇ ਸਤਿਸੰਗ ਘਰ ਬੁਢਲਾਡਾ, ਬਰੇਟਾ, ਬੋਹਾ ਅਤੇ ਮਲਕੋਂ ਨੂੰ ਸ਼ੈਲਟਰ ਹੋਮ ਬਣਾਇਆ ਗਿਆ ਹੈ, ਜਿਸ ਦੇ ਨੋਡਲ ਅਫ਼ਸਰ ਸ਼੍ਰੀ ਅਸ਼ੋਕ ਸਿੰਗਲਾ (98789-04100) ਹੋਣਗੇ।

ਸ਼੍ਰੀ ਚਹਿਲ ਨੇ ਐਸ.ਡੀ.ਐਮਜ਼ ਨੂੰ ਹਦਾਇਤ ਕਰਦਿਆਂ ਕਿਹਾ ਕਿ ਉਹ ਸ਼ੈਲਟਰ ਹੋਮ ਵਿਖੇ ਸਮੁੱਚੇ ਪ੍ਰਬੰਧ ਕਰਨੇ ਯਕੀਨੀ ਬਣਾਉਣਗੇ। ਇਸ ਤੋਂ ਇਲਾਵਾ ਜ਼ਿਲ੍ਹਾ ਖੁਰਾਕ ਤੇ ਸਿਵਲ ਸਪਲਾਈ ਕੰਟਰੋਲਰ ਖਾਣੇ ਦੇ ਸਮਾਨ ਸਪਲਾਈ ਕਰਨਗੇ। ਉਨ੍ਹਾਂ ਦੱਸਿਆ ਕਿ ਸਹਾਇਕ ਲੇਬਰ ਕਮਿਸ਼ਨਰ ਬਠਿੰਡਾ (98789-50532) ਉਕਤ ਸ਼ੈਲਟਰ ਹੋਮਜ਼ ਦੇ ਨੋਡਲ ਅਧਿਕਾਰੀ ਹੋਣਗੇ। ਉਨ੍ਹਾਂ ਸਿਵਲ ਸਰਜਨ ਨੂੰ ਹਦਾਇਤ ਕੀਤੀ ਕਿ ਉਹ ਉਕਤ ਸ਼ੈਲਟਰ ਹੋਮਜ਼ ਵਿੱਚ ਲੋੜ ਪੈਣ 'ਤੇ ਸਿਹਤ ਸੇਵਾਵਾਂ ਮੁਹੱਈਆ ਕਰਵਾਉਣਗੇ।

Scanned by CamScanner

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਮਾਨਸਾ

-ਕੋਰੋਨਾ ਵਾਇਰਸ ਤੋਂ ਜ਼ਿਲ੍ਹਾ ਵਾਸੀਆਂ ਨੂੰ ਬਚਾਏ ਰੱਖਣ ਲਈ ਡਿਪਟੀ ਕਮਿਸ਼ਨਰ ਨੇ ਕੀਤੀ ਅਹਿਮ ਮੀਟਿੰਗ

-ਜ਼ਿਲ੍ਹੇ ਅੰਦਰ ਚੱਲ ਰਹੇ ਕਾਰਜਾਂ ਸਬੰਧੀ ਕੀਤੀ ਸਮੀਖਿਆ

-ਲੋੜਵੰਦਾਂ ਤੱਕ ਪੰਹੁਚਾਇਆ ਜਾਵੇ ਰਾਸ਼ਨ ਅਤੇ ਫੂਡ ਪੈਕੇਟ

ਮਾਨਸਾ, 01 ਅਪ੍ਰੈਲ ( ) : ਕੋਰੋਨਾ ਵਾਇਰਸ ਤੋਂ ਜ਼ਿਲ੍ਹਾ ਵਾਸੀਆਂ ਨੂੰ ਬਚਾਏ ਰੱਖਣ ਲਈ ਜ਼ਿਲ੍ਹਾ ਪ੍ਰਸਾਸ਼ਨ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਦਾ ਜਾਇਜ਼ਾ ਲੈਣ ਲਈ ਅੱਜ ਡਿਪਟੀ ਕਮਿਸ਼ਨਰ ਮਾਨਸਾ ਸ਼੍ਰੀ ਗੁਰਪਾਲ ਸਿੰਘ ਚਹਿਲ ਵੱਲੋਂ ਜ਼ਿਲ੍ਹੇ ਦੇ ਉੱਚ ਅਧਿਕਾਰੀਆਂ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਸ਼੍ਰੀ ਚਹਿਲ ਨੇ ਸਬ-ਡਵੀਜ਼ਨ ਪੱਧਰ 'ਤੇ ਕੀਤੇ ਜਾ ਰਹੇ ਕੰਮਾਂ ਬਾਰੇ ਸਬੰਧਤ ਐਸ.ਡੀ.ਐਮ. ਤੋਂ ਜਾਣਕਾਰੀ ਪ੍ਰਾਪਤ ਕੀਤੀ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਅੰਦਰ ਜੋ ਰਾਸ਼ਨ ਜਾਂ ਫੂਡ ਪੈਕੇਟਸ ਦੀ ਵੰਡ ਕੀਤੀ ਜਾ ਰਹੀ ਹੈ, ਉਹ ਯੋਗ ਲਾਭਪਤਾਰੀਆਂ ਤੇ ਲੋੜਵੰਦਾਂ ਤੱਕ ਹੀ ਪਹੁੰਚਣੀ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਇਸ ਕੰਮ ਲਈ ਲੋੜਵੰਦ ਪਰਿਵਾਰਾਂ ਜਾਂ ਵਿਅਕਤੀਆਂ ਦੀ ਲਿਸਟ ਤੁਹਾਡੇ ਕੋਲ ਹੋਣੀ ਚਾਹੀਦੀ ਹੈ ਅਤੇ ਉਸ ਮੁਤਾਬਿਕ ਹੀ ਫੂਡ ਪੈਕੇਟਾਂ ਅਤੇ ਰਾਸ਼ਨ ਵੰਡਣ ਦਾ ਕੰਮ ਕੀਤਾ ਜਾਵੇ।

ਡਿਪਟੀ ਕਮਿਸ਼ਨਰ ਨੇ ਸਿਵਲ ਸਰਜਨ ਮਾਨਸਾ ਨੂੰ ਹਦਾਇਤ ਕਰਦਿਆਂ ਕਿਹਾ ਕਿ ਜ਼ਿਲ੍ਹੇ ਵਿੱਚ ਸਿਹਤ ਵਿਭਾਗ ਪੂਰੀ ਤਰ੍ਹਾਂ ਨਾਲ ਚੌਕਸ ਰਹੇ ਅਤੇ ਬਾਹਰਲੇ ਦੇਸ਼ ਜਾਂ ਬਾਹਰਲੇ ਰਾਜਾਂ ਤੋਂ ਆਏ ਵਿਅਕਤੀਆਂ ਦੇ ਏਕਾਂਤਵਾਸ ਦੌਰਾਨ ਉਨ੍ਹਾਂ 'ਤੇ ਪੂਰੀ ਨਿਗਰਾਨੀ ਰੱਖਣੀ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਵਾਸੀਆਂ ਨੂੰ ਕੋਰੋਨਾ ਵਾਇਰਸ ਦੇ ਲੱਛਣਾਂ ਅਤੇ ਬਚਾਅ ਤੋਂ ਵਰਤੀਆਂ ਜਾਣ ਵਾਲੀਆਂ ਸਾਵਧਾਨੀਆਂ ਤੋਂ ਜਾਣੂ ਕਰਵਾਇਆ ਜਾਵੇ।

ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜ) ਸ਼੍ਰੀ ਸੁਖਪ੍ਰੀਤ ਸਿੰਘ ਸਿੱਧੂ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ਼੍ਰੀ ਗੁਰਮੀਤ ਸਿੰਘ ਸਿੱਧੂ, ਸਹਾਇਕ ਕਮਿਸ਼ਨਰ (ਜ) ਸ਼੍ਰੀ ਨਵਦੀਪ ਕੁਮਾਰ, ਐਸ.ਡੀ.ਐਮ. ਬੁਢਲਾਡਾ ਸ਼੍ਰੀ ਆਦਿਤਯ ਡੇਚਲਵਾਲ, ਐਸ.ਡੀ.ਐਮ. ਸਰਦੂਲਗੜ੍ਹ ਸ਼੍ਰੀ ਰਾਜਪਾਲ ਸਿੰਘ, ਸਿਵਲ ਸਰਜਨ ਮਾਨਸਾ ਡਾ. ਲਾਲ ਚੰਦ ਠਕਰਾਲ ਅਤੇ ਤਹਿਸੀਲਦਾਰ ਮਾਨਸਾ ਸ਼੍ਰੀ ਅਮਰਜੀਤ ਸਿੰਘ ਮੌਜੂਦ ਸਨ।

Scanned by CamScanner

-ਪੰਜਾਬ ਸਰਕਾਰ ਨੇ ਦੁਕਾਨਦਾਰਾਂ ਨੂੰ ਸਮਾਨ ਦੀ ਡਿਲੀਵਰੀ ਲਈ ਕੀਤਾ ਨਵਾਂ ਮੋਡਿਊਲ ਜਾਰੀ

-ਦੁਕਾਨਦਾਰ ਕੋਵਾ ਪੰਜਾਬ ਐਪ ਰਾਹੀਂ ਆਰਡਰ ਲੈ ਕੇ ਨਾਗਰਿਕਾਂ ਨੂੰ ਘਰਾਂ ਵਿੱਚ ਕਰਵਾਉਣਗੇ ਜ਼ਰੂਰੀ ਵਸਤਾਂ ਮੁਹੱਈਆ

-ਕੋਵਾ ਪੰਜਾਬ ਐਪ ਗੂਗਲ ਪਲੇ ਸਟੋਰ ਅਤੇ ਐਪਲ ਐਪ ਸਟੋਰ ਵਿੱਚ ਮੁਫ਼ਤ ਉਪਲੱਬਧ ਹੈ

-ਸ਼ਿਕਾਇਤ ਮਿਲਣ 'ਤੇ ਪ੍ਰਸ਼ਾਸ਼ਨ ਕਰ ਸਕਦਾ ਹੈ ਕਿਸੇ ਵੀ ਦੁਕਾਨਦਾਰ ਦੀ ਰਜਿਸਟ੍ਰੇਸ਼ਨ ਰੱਦ

ਮਾਨਸਾ, 01 ਅਪ੍ਰੈਲ ( ) : ਡਿਪਟੀ ਕਮਿਸ਼ਨਰ ਮਾਨਸਾ ਸ੍ਰੀ ਗੁਰਪਾਲ ਸਿੰਘ ਚਹਿਲ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਜ਼ਰੂਰੀ ਵਸਤਾਂ ਦੀ ਘਰ ਤੱਕ ਪਹੁੰਚ ਕਰਵਾਉਣ ਲਈ ਕੋਵਾ ਪੰਜਾਬ ਐਪ (COVA PUNJAB APP) ਵਿੱਚ ਇੱਕ ਨਵਾਂ ਮੋਡਿਊਲ ਤਿਆਰ ਕੀਤਾ ਗਿਆ ਹੈ। ਇਹ ਮੋਡਿਊਲ ਸਾਰੇ ਦੁਕਾਨਦਾਰ ਅਤੇ ਜ਼ਿਲ੍ਹਾ ਪ੍ਰਸ਼ਾਸ਼ਨ ਆਪਣੇ ਨਾਲ ਸਬੰਧਤ ਕੰਮ ਲਈ ਵਰਤ ਸਕਦੇ ਹਨ।

ਡਿਪਟੀ ਕਮਿਸ਼ਨਰ ਸ੍ਰੀ ਚਹਿਲ ਨੇ ਦੱਸਿਆ ਕਿ ਜ਼ਿਲ੍ਹਾ ਵਾਸੀਆਂ ਵੱਲੋਂ ਇਸ ਮੋਡਿਊਲ ਨੂੰ ਵਰਤਣ ਲਈ ਪੰਜਾਬ ਸਰਕਾਰ ਦੀ ਐਪ ਡਾਊਨਲੋਡ ਕਰਨੀ ਲਾਜ਼ਮੀ ਹੋਵੇਗੀ ਜੋ ਕਿ ਗੂਗਲ ਪਲੇ ਸਟੋਰ ਅਤੇ ਐਪਲ ਐਪ ਸਟੋਰ ਵਿੱਚ ਮੁਫ਼ਤ ਉਪਲੱਬਧ ਹੈ। ਉਨ੍ਹਾਂ ਦੱਸਿਆ ਕਿ ਕੋਵਾ ਐਪ ਦੀ ਮੈਨਯੂ ਵਿੱਚ ਰਿਕਵੈਸਟ ਗਰੋਸਰੀ ਟਾਇਪ 'ਤੇ ਕਲਿੱਕ ਕਰਕੇ ਇਹ ਮੋਡਿਊਲ ਖੁਲ੍ਹ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਤੋਂ ਬਾਅਦ ਨਾਗਰਿਕ ਆਪਣੀ ਲੋਕੇਸ਼ਨ ਸੈਟ ਕਰਕੇ ਆਪਣੇ ਨੇੜਲੇ ਦੁਕਾਨਦਾਰਾਂ ਨੂੰ ਦੇਖ ਸਕਣਗੇ। ਉਨ੍ਹਾਂ ਦੱਸਿਆ ਕਿ ਇਹ ਐਪ ਕੇਵਲ ਉਨ੍ਹਾਂ ਦੁਕਾਨਦਾਰਾਂ ਦੀ ਲੋਕੇਸ਼ਨ ਦੱਸੇਗੀ ਜਿਨ੍ਹਾਂ ਨੇ ਇਸ ਐਪ ਰਾਹੀਂ ਰਜਿਸਟ੍ਰੇਸ਼ਨ ਕਰਵਾਈ ਹੋਵੇਗੀ ਅਤੇ ਜਿਨ੍ਹਾਂ ਦੁਕਾਨਦਾਰਾਂ ਨੂੰ ਇਸ ਐਪ ਰਾਹੀਂ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਮੰਨਜ਼ੂਰੀ ਦਿੱਤੀ ਜਾਵੇਗੀ।

ਸ੍ਰੀ ਚਹਿਲ ਨੇ ਦੱਸਿਆ ਕਿ ਇਸ ਮੋਡਿਊਲ ਰਾਹੀਂ ਨਾਗਰਿਕ ਫਲ-ਸਬਜੀਆਂ, ਦਵਾਈਆਂ, ਦੁੱਧ ਉਤਪਾਦ ਅਤੇ ਕਰਿਆਣੇ ਦੇ ਸਮਾਨ ਨੂੰ ਲੋੜ ਅਨੁਸਾਰ ਆਪਣੇ ਘਰ ਮੰਗਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਖਰੀਦੇ ਸਮਾਨ ਦੀ ਰਾਸ਼ੀ ਦਾ ਭੁਗਤਾਨ ਆਰਡਰ ਦੀ ਡਿਲੀਵਰੀ ਸਮੇਂ ਹੀ ਕਰਨਾ ਹੈ ਅਤੇ ਜੇਕਰ ਨਾਗਰਿਕ ਆਪਦੇ ਆਰਡਰ ਤੋਂ ਸੰਤੁਸ਼ਟ ਨਾ ਹੋਣ ਤਾਂ ਕੋਵਾ ਐਪ ਵਿੱਚ ਰਿਪੋਰਟ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਕੋਈ ਵੀ ਰਜਿਸਟਰਡ ਦੁਕਾਨਦਾਰ ਆਪਣਾ ਸਮਾਨ ਲੋਕਾਂ ਤੱਕ ਸਪਲਾਈ ਕਰਨ ਲਈ ਇਸ ਮੋਡਿਊਲ ਰਾਹੀਂ ਰਜਿਸਟ੍ਰੇਸ਼ਨ ਕਰ ਸਕਦਾ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਰਜਿਸਟਰੇਸ਼ਨ ਕਰਨ ਤੋਂ ਪਹਿਲਾਂ ਦੁਕਾਨਦਾਰ ਨੂੰ ਇਹ ਯਕੀਨੀ ਬਣਾਉਣਾ ਪਵੇਗਾ ਕਿ ਕਿਸੇ ਵੀ ਵਸਤੂ ਦਾ ਵੇਚ ਮੁੱਲ ਐਮ.ਆਰ.ਪੀ. ਰੇਟਾਂ ਤੋਂ ਵੱਧ ਨਾ ਹੋਵੇ ਅਤੇ ਦੁਕਾਨਦਾਰ ਕੋਲ ਸਮਾਨ ਘਰ ਪਹੁੰਚਾਉਣ ਦੀ ਆਪਣੇ ਪੱਧਰ 'ਤੇ ਸੁਵਿਧਾ ਹੋਵੇ। ਉਨ੍ਹਾਂ ਦੱਸਿਆ ਅਜਿਹਾ ਨਾ ਹੋਣ 'ਤੇ ਉਸਦੀ ਅਰਜੀ ਰੱਦ ਹੋ ਸਕਦੀ ਹੈ। ਦੁਕਾਨਦਾਰ ਨੂੰ ਸਭ ਤੋਂ ਪਹਿਲਾਂ ਕੋਵਾ ਐਪ ਡਾਊਨਲੋਡ ਕਰਨੀ ਹੋਵੇਗੀ ਅਤੇ ਰਿਕਵੈਸਟ ਗਰੋਸਰੀ ਟਾਇਪ 'ਤੇ ਕਲਿੱਕ ਕਰਨਾ ਹੋਵੇਗਾ। ਇਸ ਉਪਰੰਤ ਉਹ ਵੈਨਡਰ ਰਜਿਸਟ੍ਰੇਸ਼ਨ 'ਤੇ ਕਲਿੱਕ ਕਰਕੇ ਆਨਰੋਲ ਹੋ ਸਕਦਾ ਹੈ।

ਉਨ੍ਹਾਂ ਦੱਸਿਆ ਕਿ ਰਜਿਸਟ੍ਰੇਸ਼ਨ ਦੀ ਅਰਜੀ ਦੇਣ ਲਈ ਜ਼ਿਲ੍ਹੇ ਦਾ ਨਾਮ, ਸ਼ਹਿਰ ਦਾ ਨਾਮ, ਦੁਕਾਨ ਦਾ ਨਾਮ, ਆਪਣਾ ਨਾਮ, ਮੋਬਾਇਲ ਨੰਬਰ ਅਤੇ ਪੂਰਾ ਪਤਾ ਦੱਸਣਾ ਹੋਵੇਗਾ ਅਤੇ ਫਿਰ ਵੇਚਣ ਵਾਲੀਆਂ ਵਸਤਾਂ ਜਿਵੇਂ ਦੁੱਧ ਉਤਪਾਦ, ਫਲ-ਸਬਜੀਆਂ, ਦਵਾਈਆਂ, ਕਰਿਆਣਾ ਬਾਰੇ ਜਾਣਕਾਰੀ ਦੇਣੀ ਹੋਵੇਗੀ ਤੇ ਆਖਿਰ ਵਿੱਚ ਡਿਲੀਵਰੀ ਕਰਤਾ ਬਾਰੇ ਜਾਣਕਾਰੀ ਦੇਣੀ ਹੋਵੇਗੀ। ਉਪਰੰਤ ਇਹ ਰਜਿਸਟ੍ਰੇਸ਼ਨ ਅਰਜੀ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਦਫ਼ਤਰ ਵਿੱਚ ਆਨਲਾਈਨ ਚਲੀ ਜਾਵੇਗੀ। ਉਨ੍ਹਾਂ ਦੱਸਿਆ ਕਿ ਜੇਕਰ ਇਹ ਅਰਜੀ ਮਨਜ਼ੂਰ ਹੋ ਜਾਂਦੀ ਹੈ ਤਾਂ ਸਬੰਧਤ ਦੁਕਾਨਦਾਰ ਦੇ ਮੋਬਾਇਲ 'ਤੇ ਇੱਕ ਆਈ.ਡੀ. ਤੇ ਪਾਸਵਰਡ ਭੇਜ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਹ ਆਈ.ਡੀ. ਪਾਸਵਰਡ ਵਰਤ ਕੇ ਦੁਕਾਨਦਾਰ ਦੁਕਾਨ ਦੇ ਸਟਾਕ ਅਤੇ ਉਨ੍ਹਾਂ ਦੀ ਵਿਕਰੀ ਨੂੰ ਅਪਡੇਟ ਕਰ ਸਕਦਾ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਨਾਗਰਿਕਾਂ ਵੱਲੋਂ ਕੀਤੇ ਗਏ ਆਰਡਰ ਦੁਕਾਨਦਾਰ ਆਪਣੀ ਲਾਗਿਨ ਆਈ.ਡੀ. ਵਿੱਚ ਦੇਖ ਸਕਦਾ ਹੈ ਅਤੇ ਨਾਗਰਿਕ ਵੱਲੋਂ ਦਿੱਤੇ ਗਏ ਪਤੇ 'ਤੇ ਇਹ ਆਰਡਰ ਪੰਹੁਚਾਉਣੇ ਹੋਣਗੇ। ਦੁਕਾਨਦਾਰ ਆਪਣੇ ਆਰਡਰ ਦੀ ਕੀਮਤ ਸਮਾਨ ਪਹੁੰਚਾਉਣ 'ਤੇ ਵਸੂਲ ਪਾਏਗਾ। ਜੇਕਰ ਜ਼ਿਲ੍ਹਾ ਪ੍ਰਸ਼ਾਸ਼ਨ ਨੂੰ ਕੋਈ ਸ਼ਿਕਾਇਤ ਮਿਲਦੀ ਹੈ, ਤਾਂ ਕਿਸੇ ਵੀ ਸਮੇਂ ਕਿਸੇ ਵੀ ਦੁਕਾਨਦਾਰ ਦੀ ਰਜਿਸਟ੍ਰੇਸ਼ਨ ਨੂੰ ਰੱਦ ਕੀਤਾ ਜਾ ਸਕਦਾ ਹੈ।

Scanned by CamScanner

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਮਾਨਸਾ

-ਪੰਜਾਬ ਸਰਕਾਰ ਨੇ ਦੁਕਾਨਦਾਰਾਂ ਨੂੰ ਸਮਾਨ ਦੀ ਡਿਲੀਵਰੀ ਲਈ ਕੀਤਾ ਨਵਾਂ ਮੋਡਿਊਲ ਜਾਰੀ

-ਦੁਕਾਨਦਾਰ ਕੋਵਾ ਪੰਜਾਬ ਐਪ ਰਾਹੀਂ ਆਰਡਰ ਲੈ ਕੇ ਨਾਗਰਿਕਾਂ ਨੂੰ ਘਰਾਂ ਵਿੱਚ ਕਰਵਾਉਣਗੇ ਜ਼ਰੂਰੀ ਵਸਤਾਂ ਮੁਹੱਈਆ

-ਕੋਵਾ ਪੰਜਾਬ ਐਪ ਗੂਗਲ ਪਲੇ ਸਟੋਰ ਅਤੇ ਐਪਲ ਐਪ ਸਟੋਰ ਵਿੱਚ ਮੁਫ਼ਤ ਉਪਲੱਬਧ ਹੈ

-ਸ਼ਿਕਾਇਤ ਮਿਲਣ 'ਤੇ ਪ੍ਰਸਾਸ਼ਨ ਕਰ ਸਕਦਾ ਹੈ ਕਿਸੇ ਵੀ ਦੁਕਾਨਦਾਰ ਦੀ ਰਜਿਸਟ੍ਰੇਸ਼ਨ ਰੱਦ

ਮਾਨਸਾ, 01 ਅਪ੍ਰੈਲ ( ) : ਡਿਪਟੀ ਕਮਿਸ਼ਨਰ ਮਾਨਸਾ ਸ਼੍ਰੀ ਗੁਰਪਾਲ ਸਿੰਘ ਚਹਿਲ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਜ਼ਰੂਰੀ ਵਸਤਾਂ ਦੀ ਘਰ ਤੱਕ ਪਹੁੰਚ ਕਰਵਾਉਣ ਲਈ ਕੋਵਾ ਪੰਜਾਬ ਐਪ (COVA PUNJAB APP) ਵਿੱਚ ਇੱਕ ਨਵਾਂ ਮੋਡਿਊਲ ਤਿਆਰ ਕੀਤਾ ਗਿਆ ਹੈ। ਇਹ ਮੋਡਿਊਲ ਸਾਰੇ ਦੁਕਾਨਦਾਰ ਅਤੇ ਜ਼ਿਲ੍ਹਾ ਪ੍ਰਸਾਸ਼ਨ ਆਪਣੇ ਨਾਲ ਸਬੰਧਤ ਕੰਮ ਲਈ ਵਰਤ ਸਕਦੇ ਹਨ।

ਡਿਪਟੀ ਕਮਿਸ਼ਨਰ ਸ਼੍ਰੀ ਚਹਿਲ ਨੇ ਦੱਸਿਆ ਕਿ ਜ਼ਿਲ੍ਹਾ ਵਾਸੀਆਂ ਵੱਲੋਂ ਇਸ ਮੋਡਿਊਲ ਨੂੰ ਵਰਤਣ ਲਈ ਪੰਜਾਬ ਸਰਕਾਰ ਦੀ ਐਪ ਡਾਊਨਲੋਡ ਕਰਨੀ ਲਾਜ਼ਮੀ ਹੋਵੇਗੀ ਜੋ ਕਿ ਗੂਗਲ ਪਲੇ ਸਟੋਰ ਅਤੇ ਐਪਲ ਐਪ ਸਟੋਰ ਵਿੱਚ ਮੁਫ਼ਤ ਉਪਲੱਬਧ ਹੈ। ਉਨ੍ਹਾਂ ਦੱਸਿਆ ਕਿ ਕੋਵਾ ਐਪ ਦੀ ਮੈਨਯੂ ਵਿੱਚ ਰਿਕਵੈਸਟ ਗਰੋਸਰੀ ਟਾਇਪ 'ਤੇ ਕਲਿੱਕ ਕਰਕੇ ਇਹ ਮੋਡਿਊਲ ਖੁਲ੍ਹ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਤੋਂ ਬਾਅਦ ਨਾਗਰਿਕ ਆਪਣੀ ਲੋਕੇਸ਼ਨ ਸੈਟ ਕਰਕੇ ਆਪਣੇ ਨੇੜਲੇ ਦੁਕਾਨਦਾਰਾਂ ਨੂੰ ਦੇਖ ਸਕਣਗੇ। ਉਨ੍ਹਾਂ ਦੱਸਿਆ ਕਿ ਇਹ ਐਪ ਕੇਵਲ ਉਨ੍ਹਾਂ ਦੁਕਾਨਦਾਰਾਂ ਦੀ ਲੋਕੇਸ਼ਨ ਦੱਸੇਗੀ ਜਿਨ੍ਹਾਂ ਨੇ ਇਸ ਐਪ ਰਾਹੀਂ ਰਜਿਸਟ੍ਰੇਸ਼ਨ ਕਰਵਾਈ ਹੋਵੇਗੀ ਅਤੇ ਜਿਨ੍ਹਾਂ ਦੁਕਾਨਦਾਰਾਂ ਨੂੰ ਇਸ ਐਪ ਰਾਹੀਂ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਮੰਨਜ਼ੂਰੀ ਦਿੱਤੀ ਜਾਵੇਗੀ।

ਸ਼੍ਰੀ ਚਹਿਲ ਨੇ ਦੱਸਿਆ ਕਿ ਇਸ ਮੋਡਿਊਲ ਰਾਹੀਂ ਨਾਗਰਿਕ ਫਲ-ਸਬਜੀਆਂ, ਦਵਾਈਆਂ, ਦੁੱਧ ਉਤਪਾਦ ਅਤੇ ਕਰਿਆਣੇ ਦੇ ਸਮਾਨ ਨੂੰ ਲੋੜ ਅਨੁਸਾਰ ਆਪਣੇ ਘਰ ਮੰਗਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਖਰੀਦੇ ਸਮਾਨ ਦੀ ਰਾਸ਼ੀ ਦਾ ਭੁਗਤਾਨ ਆਰਡਰ ਦੀ ਡਿਲੀਵਰੀ ਸਮੇਂ ਹੀ ਕਰਨਾ ਹੈ ਅਤੇ ਜੇਕਰ ਨਾਗਰਿਕ ਆਪਦੇ ਆਰਡਰ ਤੋਂ ਸੰਤੁਸ਼ਟ ਨਾ ਹੋਣ ਤਾਂ ਕੋਵਾ ਐਪ ਵਿੱਚ ਰਿਪੋਰਟ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਕੋਈ ਵੀ ਰਜਿਸਟਰਡ ਦੁਕਾਨਦਾਰ ਆਪਣਾ ਸਮਾਨ ਲੋਕਾਂ ਤੱਕ ਸਪਲਾਈ ਕਰਨ ਲਈ ਇਸ ਮੋਡਿਊਲ ਰਾਹੀਂ ਰਜਿਸਟ੍ਰੇਸ਼ਨ ਕਰ ਸਕਦਾ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਰਜਿਸਟਰੇਸ਼ਨ ਕਰਨ ਤੋਂ ਪਹਿਲਾਂ ਦੁਕਾਨਦਾਰ ਨੂੰ ਇਹ ਯਕੀਨੀ ਬਣਾਉਣਾ ਪਵੇਗਾ ਕਿ ਕਿਸੇ ਵੀ ਵਸਤੂ ਦਾ ਵੇਚ ਮੁੱਲ ਐਮ.ਆਰ.ਪੀ. ਰੇਟਾਂ ਤੋਂ ਵੱਧ ਨਾ ਹੋਵੇ ਅਤੇ ਦੁਕਾਨਦਾਰ ਕੋਲ ਸਮਾਨ ਘਰ ਪਹੁੰਚਾਉਣ ਦੀ ਆਪਣੇ ਪੱਧਰ 'ਤੇ ਸੁਵਿਧਾ ਹੋਵੇ। ਉਨ੍ਹਾਂ ਦੱਸਿਆ ਅਜਿਹਾ ਨਾ ਹੋਣ 'ਤੇ ਉਸਦੀ ਅਰਜ਼ੀ ਰੱਦ ਹੋ ਸਕਦੀ ਹੈ। ਦੁਕਾਨਦਾਰ ਨੂੰ ਸਭ ਤੋਂ ਪਹਿਲਾਂ ਕੋਵਾ ਐਪ ਡਾਊਨਲੋਡ ਕਰਨੀ ਹੋਵੇਗੀ ਅਤੇ ਰਿਕਵੈਸਟ ਗਰੋਸਰੀ ਟਾਇਪ 'ਤੇ ਕਲਿੱਕ ਕਰਨਾ ਹੋਵੇਗਾ। ਇਸ ਉਪਰੰਤ ਉਹ ਵੈਨਡਰ ਰਜਿਸਟ੍ਰੇਸ਼ਨ 'ਤੇ ਕਲਿੱਕ ਕਰਕੇ ਆਨਰੋਲ ਹੋ ਸਕਦਾ ਹੈ।

ਉਨ੍ਹਾਂ ਦੱਸਿਆ ਕਿ ਰਜਿਸਟ੍ਰੇਸ਼ਨ ਦੀ ਅਰਜੀ ਦੇਣ ਲਈ ਜ਼ਿਲ੍ਹੇ ਦਾ ਨਾਮ, ਸ਼ਹਿਰ ਦਾ ਨਾਮ, ਦੁਕਾਨ ਦਾ ਨਾਮ, ਆਪਣਾ ਨਾਮ, ਮੋਬਾਇਲ ਨੰਬਰ ਅਤੇ ਪੂਰਾ ਪਤਾ ਦੱਸਣਾ ਹੋਵੇਗਾ ਅਤੇ ਫਿਰ ਵੇਚਣ ਵਾਲੀਆਂ ਵਸਤਾਂ ਜਿਵੇਂ ਦੁੱਧ ਉਤਪਾਦ, ਫਲ-ਸਬਜ਼ੀਆਂ, ਦਵਾਈਆਂ, ਕਰਿਆਣਾ ਬਾਰੇ ਜਾਣਕਾਰੀ ਦੇਣੀ ਹੋਵੇਗੀ ਤੇ ਆਖਿਰ ਵਿੱਚ ਡਿਲੀਵਰੀ ਕਰਤਾ ਬਾਰੇ ਜਾਣਕਾਰੀ ਦੇਣੀ ਹੋਵੇਗੀ। ਉਪਰੰਤ ਇਹ ਰਜਿਸਟ੍ਰੇਸ਼ਨ ਅਰਜੀ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਦਫ਼ਤਰ ਵਿੱਚ ਆਨਲਾਈਨ ਚਲੀ ਜਾਵੇਗੀ। ਉਨ੍ਹਾਂ ਦੱਸਿਆ ਕਿ ਜੇਕਰ ਇਹ ਅਰਜੀ ਮਨਜ਼ੂਰ ਹੋ ਜਾਂਦੀ ਹੈ ਤਾਂ ਸਬੰਧਤ ਦੁਕਾਨਦਾਰ ਦੇ ਮੋਬਾਇਲ 'ਤੇ ਇੱਕ ਆਈ.ਡੀ. ਤੇ ਪਾਸਵਰਡ ਭੇਜ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਹ ਆਈ.ਡੀ. ਪਾਸਵਰਡ ਵਰਤ ਕੇ ਦੁਕਾਨਦਾਰ ਦੁਕਾਨ ਦੇ ਸਟਾਕ ਅਤੇ ਉਨ੍ਹਾਂ ਦੀ ਵਿਕਰੀ ਨੂੰ ਅਪਡੇਟ ਕਰ ਸਕਦਾ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਨਾਗਰਿਕਾਂ ਵੱਲੋਂ ਕੀਤੇ ਗਏ ਆਰਡਰ ਦੁਕਾਨਦਾਰ ਆਪਣੀ ਲਾਗਿਨ ਆਈ.ਡੀ. ਵਿੱਚ ਦੇਖ ਸਕਦਾ ਹੈ ਅਤੇ ਨਾਗਰਿਕ ਵੱਲੋਂ ਦਿੱਤੇ ਗਏ ਪਤੇ 'ਤੇ ਇਹ ਆਰਡਰ ਪੰਹੁਚਾਉਣੇ ਹੋਣਗੇ। ਦੁਕਾਨਦਾਰ ਆਪਣੇ ਆਰਡਰ ਦੀ ਕੀਮਤ ਸਮਾਨ ਪਹੁੰਚਾਉਣ 'ਤੇ ਵਸੂਲ ਪਾਏਗਾ। ਜੇਕਰ ਜ਼ਿਲ੍ਹਾ ਪ੍ਰਸ਼ਾਸ਼ਨ ਨੂੰ ਕੋਈ ਸ਼ਿਕਾਇਤ ਮਿਲਦੀ ਹੈ, ਤਾਂ ਕਿਸੇ ਵੀ ਸਮੇਂ ਕਿਸੇ ਵੀ ਦੁਕਾਨਦਾਰ ਦੀ ਰਜਿਸਟ੍ਰੇਸ਼ਨ ਨੂੰ ਰੱਦ ਕੀਤਾ ਜਾ ਸਕਦਾ ਹੈ।

Scanned by CamScanner